# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :17-01-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤੋਂ ਪੱਛਮੀ ਬੰਗਾਲ ਅਤੇ ਅਸਾਮ ਦੇ 2 ਦਿਨਾਂ ਦੌਰੇ 'ਤੇ ਹੋਣਗੇ। ਪ੍ਰਧਾਨ ਮੰਤਰੀ ਪਹਿਲਾਂ ਪੱਛਮੀ ਬੰਗਾਲ ਜਾਣਗੇ, ਜਿੱਥੇ ਉਹ ਅੱਜ ਮਾਲਦਾ ਰੇਲਵੇ ਸਟੇਸ਼ਨ 'ਤੇ ਹਾਵੜਾ, ਗੁਹਾਟੀ ਅਤੇ ਕਾਮਾਖਿਆ ਦਰਮਿਆਨ ਚੱਲਣ ਵਾਲੀ ਭਾਰਤ ਦੀ ਪਹਿਲੀ ਵੰਦੇ ਭਾਰਤ ਸਲੀਪਰ ਰੇਲ ਗੱਡੀ ਨੂੰ ਰਵਾਨਾ ਕਰਨਗੇ । ਉਹ ਗੁਹਾਟੀ-ਹਾਵੜਾ ਵੰਦੇ ਭਾਰਤ ਸਲੀਪਰ ਰੇਲ ਗੱਡੀ ਨੂੰ ਵੀ ਵਰਚੁਅਲੀ ਹਰੀ ਝੰਡੀ ਦਿਖਾਉਣਗੇ। ਪੂਰੀ ਤਰ੍ਹਾਂ ਏਅਰ-ਕੰਡੀਸ਼ੰਡ ਵੰਦੇ ਭਾਰਤ ਸਲੀਪਰ ਰੇਲ ਗੱਡੀ, ਯਾਤਰੀਆਂ ਨੂੰ ਕਿਫਾਇਤੀ ਕਿਰਾਏ 'ਤੇ ਹਵਾਈ ਯਾਤਰਾ ਵਰਗਾ ਅਹਿਸਾਸ ਦੇਵੇਗੀ।

----------------------------------------------------------

ਗੁਰਦਾਸਪੁਰ ਤੋਂ ਕਲਾਨੌਰ ਰੋਡ 'ਤੇ ਪਿੰਡ ਬਿਸ਼ਨ ਕੋਟ ਨੇੜੇ ਇੱਕ ਸਕੂਲ ਵੈਨ ਅਤੇ ਟਰੱਕ ਦਰਮਿਆਨ ਟੱਕਰ ਹੋਣ ਦੀ ਖ਼ਬਰ ਏ। ਸਾਡੇ ਪੱਤਰਕਾਰ ਮੁਤਾਬਕ ਸਕੂਲ ਵੈਨ ਵਿੱਚ 15 ਅਧਿਆਪਕ ਸਵਾਰ ਸਨ ਤੇ

ਰਸਤੇ ਵਿਚ ਸਾਹਮਣਿਓਂ ਆ ਰਹੇ ਇੱਕ ਟਰੱਕ ਨਾਲ ਵੈਨ ਦੀ ਟੱਕਰ ਹੋ ਗਈ। ਸਕੂਲ ਵੈਨ ਵਿੱਚ ਸਵਾਰ 9 ਸਰਕਾਰੀ ਅਧਿਆਪਕ ਜ਼ਖ਼ਮੀ ਹੋਏ ਨੇ, ਜਿਨਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਗੁਰਦਾਸਪੁਰ ਵਿਚ ਭੇਜਿਆ ਗਿਆ ਏ।

---------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਏ ਕਿ ਪੰਜਾਬ ਨੇ ਇੱਕ ਵਾਰ ਫਿਰ ਆਪਣੇ ਸਟਾਰਟਅੱਪ ਅਤੇ ਇਨੋਵੇਸ਼ਨ ਈਕੋਸਿਸਟਮ ਨੂੰ ਮਜ਼ਬੂਤ ਕਰਨ ਵਿੱਚ ਮੀਲ-ਪੱਥਰ ਸਥਾਪਤ ਕੀਤਾ ਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਵਣਜ ਅਤੇ ਉਦਯੋਗ ਮੰਤਰਾਲੇ ਦੇ ਸਨਅਤਾਂ ਤੇ ਅੰਦਰੂਨੀ ਵਪਾਰ ਪ੍ਰਮੋਸ਼ਨ ਵਿਭਾਗ ਵੱਲੋਂ ਜਾਰੀ ਕੀਤੀ ਸੂਬਿਆਂ ਦੀ ਸਟਾਰਟਅੱਪ ਈਕੋਸਿਸਟਮ ਰੈਂਕਿੰਗ ਦੇ 5ਵੇਂ ਐਡੀਸ਼ਨ ਵਿੱਚ ਪੰਜਾਬ ਨੇ ਲਗਾਤਾਰ ਦੂਜੀ ਵਾਰ ‘ਟਾਪ ਪਰਫਾਰਮਰ’ ਵਜੋਂ ਕਾਮਯਾਬੀ ਦਰਜ ਕੀਤੀ ਏ । ਮੰਤਰੀ ਅਰੋੜਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਹਾਜ਼ਰੀ ਵਿੱਚ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਚ ਰਾਸ਼ਟਰੀ ਸਟਾਰਟਅੱਪ ਦਿਵਸ ਸਮਾਗਮ ਮੌਕੇ ਪੰਜਾਬ ਸਰਕਾਰ ਦੇ ਉਦਯੋਗ ਤੇ ਵਣਜ ਵਿਭਾਗ ਨੂੰ ਪ੍ਰਸ਼ੰਸਾ ਪੱਤਰ ਦਿੱਤਾ ਗਿਆ ਏ । ਲਗਾਤਾਰ ਦੂਜੀ ਵਾਰ ਇਹ ਮਾਣ ਹਾਸਲ ਕਰਨਾ ਮਜ਼ਬੂਤ, ਸਮਾਵੇਸ਼ੀ ਤੇ ਨਵੀਨਤਾ-

ਸੰਚਾਲਤ ਸਟਾਰਟਅੱਪ ਈਕੋਸਿਸਟਮ ਬਣਾਉਣ ਵੱਲ ਪੰਜਾਬ ਦੇ ਪ੍ਰਖ਼ਤਾ ਯਤਨਾਂ ਦਾ ਸਬੂਤ ਏ।

-----------------------------------------------------

ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਇੰਪਰੂਵਮੈਂਟ ਟਰੱਸਟ ਰੂਪਨਗਰ ਵਿਚ ਤਾਇਨਾਤ ਕਲਰਕ ਪਰਵੀਨ ਕੁਮਾਰ ਅਤੇ ਉਸ ਦੇ ਸਹਿ-ਦੋਸ਼ੀ ਜੂਨੀਅਰ ਇੰਜੀਨੀਅਰ ਸਤੀਸ਼ ਕੁਮਾਰ ਨੂੰ ਅਦਾਲਤ ਨੇ ਕੱਲ੍ਹ 4-4 ਸਾਲ ਦੀ ਕੈਦ ਅਤੇ 20,000- ਰੁਪਏ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਏ । ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਜੂਨੀਅਰ ਇੰਜੀਨੀਅਰ ਅਤੇ ਕਲਰਕ ਨੇ ਸ਼ਿਕਾਇਤਕਰਤਾ ਤੋਂ ਉਸ ਦੀ ਜਾਇਦਾਦ ਦੀ ਰਜਿਸਟਰੀ ਕਰਵਾਉਣ ਬਦਲੇ 15,000 ਰੁਪਏ ਦੀ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਨੇ ਰਿਸ਼ਵਤ ਕਿਸ਼ਤਾਂ ਵਿੱਚ ਦਿੱਤੀ ਸੀ ਅਤੇ ਆਖਰੀ ਕਿਸ਼ਤ ਦੀ ਅਦਾਇਗੀ ਤੋਂ ਪਹਿਲਾਂ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ ਸੀ। ਵਿਜੀਲੈਂਸ ਬਿਊਰੋ ਨੇ ਇੰਪਰੂਵਮੈਂਟ ਟਰੱਸਟ ਰੋਪੜ ਦੇ ਦਫ਼ਤਰ ’ਤੇ ਛਾਪਾ ਮਾਰ ਕੇ ਅਧਿਕਾਰੀਆਂ ਤੇ ਗਵਾਹਾਂ ਦੀ ਮੌਜੂਦਗੀ ਵਿੱਚ ਦੋਸ਼ੀ ਪਰਵੀਨ ਕੁਮਾਰ ਕੋਲੋਂ 7500 ਰੁਪਏ ਦੀ ਰਿਸ਼ਵਤ ਦੀ ਰਕਮ ਬਰਾਮਦ ਕੀਤੀ ਸੀ।

-----------------------------------------------------

ਸੜਕ ਸੁਰੱਖਿਆ ਬਾਰੇ ਜਾਗਰੂਕਤਾ ਵਧਾਉਣ ਦੇ ਮਕਸਦ ਨਾਲ ਸੜਕ ਸੁਰੱਖਿਆ ਮਹੀਨਾ-2026 ਮਨਾਇਆ ਜਾ ਰਿਹਾ ਏ। ਇਸ ਦੇ ਤਹਿਤ ਰੀਜਨਲ ਟਰਾਂਸਪੋਰਟ ਦਫ਼ਤਰ ਦੀ ਤਰਫ਼ੋਂ ਕੱਲ੍ਹ ਜਲੰਧਰ ਦੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਅਤੇ ਇੱਕ ਨਿੱਜੀ ਹਸਪਤਾਲ ਦੇ ਸਹਿਯੋਗ ਨਾਲ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ। ਰੈੱਡ ਕਰਾਸ ਭਵਨ ਜਲੰਧਰ ਵਿੱਚ ਲਗਾਏ ਗਏ ਕੈਂਪ ਦੌਰਾਨ 76 ਵਿਅਕਤੀਆਂ  ਦੀਆਂ ਅੱਖਾਂ ਦਾ ਮੁਆਇਨਾ ਕੀਤਾ ਗਿਆ। ਇਸੇ ਤਰ੍ਹਾਂ ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਤਹਿਤ ਪੀ.ਏ.ਪੀ. ਚੌਕ ਜਲੰਧਰ ਵਿਚ ਵੀ ਜਾਗਰੂਕਤਾ ਕੈਂਪ ਲਗਾਇਆ ਗਿਆ।

---------------------------------------------------------

“ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਦੇ 321ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ 294 ਥਾਵਾਂ ’ਤੇ ਛਾਪੇਮਾਰੀ ਕੀਤੀ। ਇਸ ਦੌਰਾਨ ਸੂਬੇ ਵਿੱਚ 71 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ 54 ਮਾਮਲੇ ਦਰਜ ਕੀਤੇ ਗਏ । ਨਸ਼ਾ ਤਸਕਰਾਂ ਕੋਲੋਂ ਵੱਡੀ ਮਿਕਦਾਰ ਵਿਚ ਹੈਰੋਇਨ, ਅਫੀਮ, ਪਾਬੰਦੀਸ਼ੁਦਾ ਗੋਲੀਆਂ, ਕੈਪਸੂਲ ਅਤੇ 16,510 ਰੁਪਏ ਦੀ ਨਗਦੀ ਬਰਾਮਦ ਕੀਤੀ ਗਈ।

---------------------------------------------------------

ਮਹਿਲਾ ਪ੍ਰੀਮੀਅਰ ਲੀਗ ਕ੍ਰਿਕਟ ਮੈਚ ਵਿੱਚ, ਰਾਇਲ ਚੈਲੇਂਜਰਜ਼ ਬੰਗਲੌਰ ਨੇ ਗੁਜਰਾਤ ਜਾਇੰਟਸ ਨੂੰ 32 ਦੌੜਾਂ ਨਾਲ ਹਰਾਇਆ ਏ। ਅੱਜ  ਟੂਰਨਾਮੈਂਟ ਵਿੱਚ ਦੋ ਮੈਚ ਖੇਡੇ ਜਾਣਗੇ। ਪਹਿਲਾ ਮੈਚ ਯੂਪੀ ਵਾਰੀਅਰਜ਼ ਅਤੇ ਮੁੰਬਈ ਇੰਡੀਅਨਜ਼ ਦਰਮਿਆਨ ਦੁਪਹਿਰ 3 ਵਜੇ ਸ਼ੁਰੂ ਹੋਵੇਗਾ। ਦੂਜਾ ਮੈਚ ਦਿੱਲੀ ਕੈਪੀਟਲਜ਼ ਅਤੇ ਰਾਇਲ ਚੈਲੇਂਜਰਜ਼ ਬੰਗਲੌਰ ਦਰਮਿਆਨ ਸ਼ਾਮ ਸਾਢੇ 7 ਵਜੇ ਖੇਡਿਆ ਜਾਵੇਗਾ।

-----------------------------------------------------------